# ਪੰਜਾਬੀ ਵਿਕਾਸ ਮੰਚ (ਕਾਨੂੰਨੀ)

(ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੀ ਸ਼ਾਖਾ)

ਹਵਾਲਾ ਨੰ: 38-39 ਮਿਤੀ: 09.05.2022

**ਕਾਨੂੰਨੀ ਸਲਾਹਕਾਰ / ਵਕੀਲ**

**ਸ੍ਰੀ ਹਰੀ ਚੰਦ ਅਰੋੜਾ**
ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ
ਮੋ.: 98140-13764

**ਸ੍ਰੀ ਹਰੀਸ਼ ਰਾਏ ਢਾਂਡਾ**
ਲੁਧਿਆਣਾ
ਮੋ.: 98141-20300

**ਸ੍ਰੀ ਮਿੱਤਰ ਸੈਨ ਮੀਤ**
ਲੁਧਿਆਣਾ
ਮੋ.: 98556-31777

**ਸੰਚਾਲਕ**

**ਸ੍ਰ ਦਵਿੰਦਰ ਸਿੰਘ ਸੇਖਾ**
ਮੋ.: 98140-70581

**ਪ੍ਰੋ ਇੰਦਰਪਾਲ ਸਿੰਘ**
ਮੋ.: 82838-11912

**ਸ੍ਰ ਸੁਖਇੰਦਰ ਪਾਲ ਸਿੰਘ**
ਮੋ.: +1 (780) 884 0788

**ਸ੍ਰ ਆਰ. ਪੀ. ਸਿੰਘ**
ਮੋ.: 97790 48083

ਸੇਵਾ ਵਿਖੇ

ਮਾਨਯੋਗ ਮੁੱਖ ਸੂਚਨਾ ਕਮਿਸ਼ਨਰ
ਮਾਨਯੋਗ ਪੰਜਾਬ ਰਾਜ ਸੂਚਨਾ ਕਮਿਸ਼ਨ
ਚੰਡੀਗੜ੍ਹ।

ਵਿਸ਼ਾ: ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕੰਮ-ਕਾਜ ਵਿਚ ਕੇਵਲ ਰਾਜ ਭਾਸ਼ਾ ਪੰਜਾਬੀ ਦੇ ਪ੍ਰਯੋਗ ਸਬੰਧੀ।

ਸ੍ਰੀ ਮਾਨ ਜੀ,

ਬੇਨਤੀ ਹੈ ਕਿ ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਵਿਚ ਵਿਵਸਥਾ ਕੀਤੀ ਗਈ ਹੈ ਕਿ ਪੰਜਾਬ ਰਾਜ ਦੇ ਸਾਰੇ ਵਿਭਾਗ, ਬੋਰਡ ਅਤੇ ਕਾਰਪੋਰੇਸ਼ਨਾਂ, ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ ਆਪਣੇ ਕੰਮ-ਕਾਜ ਵਿਚ ਕੇਵਲ ਰਾਜ ਭਾਸ਼ਾ ਪੰਜਾਬੀ ਦਾ ਹੀ ਪ੍ਰਯੋਗ ਕਰਨਗੇ। ਪ੍ਰੰਤੂ ਮੇਰੀ ਸੰਸਥਾ ਦੇ ਧਿਆਨ ਵਿਚ ਲਿਆਂਦਾ ਗਿਆ ਹੈ ਕਿ ਉਪਰੋਕਤ ਐਕਟਾਂ ਦੀ ਉਲੰਘਣਾ ਕਰਦੇ ਹੋਏ ਆਪ ਜੀ ਦਾ ਅਦਾਰਾ ਆਪਣਾ ਸਾਰਾ ਕੰਮ-ਕਾਜ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੀ ਕਰਦਾ ਹੈ। ਅਜਿਹਾ ਕਰਨਾ ਸਿਰਫ਼ ਉਪਰੋਕਤ ਦੋਹਾਂ ਐਕਟਾਂ ਦੀ ਉਲੰਘਣਾ ਹੀ ਨਹੀਂ ਬਲਕਿ ਪੰਜਾਬ ਦੇ ਵਸਨੀਕਾਂ ਨੂੰ ਮਾਨਯੋਗ ਸੂਚਨਾ ਕਮਿਸ਼ਨ ਦੇ ਹੁਕਮਾਂ ਅਤੇ ਚਿੱਠੀ-ਪੱਤਰ ਨੂੰ ਸਮਝਣ ਦੇ ਰਸਤੇ ਵਿਚ ਰੁਕਾਵਟ ਪੈਦਾ ਕਰਦਾ ਹੈ। ਇਸ ਲਈ ਇਨਸਾਫ਼ ਦੀ ਮੰਗ ਵੀ ਇਹੋ ਹੈ ਕਿ ਮਾਨਯੋਗ ਸੂਚਨਾ ਕਮਿਸ਼ਨ ਆਪਣਾ ਸਾਰਾ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਹੀ ਕਰੇ।

ਉਪਰੋਕਤ ਦੋਹਾਂ ਐਕਟਾਂ ਅਤੇ ਪੰਜਾਬ ਦੇ ਵਸਨੀਕਾਂ ਅਤੇ ਆਰ.ਟੀ.ਆਈ. ਦੇ ਕਾਰਜਕੁੰਨਾਂ ਦੀ ਸਹੂਲਤ ਵਾਸਤੇ ਆਪ ਮਾਨਯੋਗ ਸੂਚਨਾ ਕਮਿਸ਼ਨ ਦਾ ਸਾਰਾ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਕਰਨ ਲਈ ਸੁਹਿਰਦਤਾ ਨਾਲ ਵਿਚਾਰ ਕਰੋਗੇ, ਇਸ ਦਾ ਮੈਨੂੰ ਪੂਰਨ ਵਿਸ਼ਵਾਸ ਹੈ।

ਧੰਨਵਾਦ ਸਹਿਤ।

ਹਰੀ ਚੰਦ ਅਰੋੜਾ
ਐਚ.ਸੀ.ਅਰੋੜਾ ਐਡਵੋਕੇਟ
ਲੀਗਲ ਐਡਵਾਈਜ਼ਰ
ਪੰਜਾਬੀ ਵਿਕਾਸ ਮੰਚ (ਕਾਨੂੰਨੀ)

ਉਤਾਰਾ:

1. ਮਾਣਯੋਗ ਮੁੱਖ ਸਕੱਤਰ, ਪੰਜਾਰ, ਚੰਡੀਗੜ੍ਹ ਜੀ ਨੂੰ ਸੂਚਨਾ/ਲੋੜੀਂਦੀ ਕਾਰਵਾਈ ਹਿਤ।